ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਵਧੀਆ ਕੰਮ ਕਰਨ ਵਾਲੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਨੂੰ ਕੀਤਾ ਜਾਵੇਗਾ ਸਨਮਾਨਤ -ਓ ਪੀ ਸੋਨੀ**

**ਲੋੜਵੰਦਾਂ ਲਈ ਰਾਸ਼ਨ ਦੀਆਂ 10 ਗੱਡੀਆਂ ਕੀਤੀਆਂ ਰਵਾਨਾ**

ਅੰਮ੍ਰਿਤਸਰ, 23 ਅਪ੍ਰੈਲ ( )-

ਪੰਜਾਬ ਦੇ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਕਿਹਾ ਹੈ ਕਿ ਇਸ ਮਹਾਂਮਾਰੀ ਦੌਰਾਨ ਵਧੀਆ ਕੰਮ ਕਰਨ ਵਾਲੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਨੂੰ ਸਰਕਾਰ ਵੱਲੋਂ ਸਨਮਾਨਤ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਰਾਜ ਭਰ ਵਿੱਚ ਡਾਕਟਰਾਂ, ਨਰਸਾਂ ਅਤੇ ਸਫ਼ਾਈ ਸੇਵਕਾਂ ਵਲੋਂ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਵੀ ਵਧੀਆ ਢੰਗ ਨਾਲ ਆਪਣੀ ਡਿਊਟੀ ਨਿਭਾਈ ਜਾ ਰਹੀ ਹੈ। ਸ੍ਰੀ ਸੋਨੀ ਨੇ ਕਿਹਾ ਕਿ ਜ਼ਿਲਾ ਪ੍ਰਸ਼ਾਸ਼ਨ ਵਲੋਂ ਵੀ ਸੁਚੱਜੇ ਢੰਗ ਨਾਲ ਲੋੜਵੰਦਾਂ ਦੀ ਮਦਦ ਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਲੋਕਾਂ ਨੂੰ ਕਿਸੇ ਤਰਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵਲੋਂ ਰਾਜ ਦੇ ਤਿੰਨੇ ਮੈਡੀਕਲ ਕਾਲਜਾਂ ਵਿਚ ਨਵੀਂ ਮਸ਼ੀਨਰੀ ਵੀ ਮੁਹੱਇਆ ਕਰਵਾਈ ਜਾ ਰਹੀ ਹੈ ਤਾਂ ਜੋ ਇਸ ਭਿਆਨਕ ਮਹਾਂਮਾਰੀ ਦਾ ਮੁਕਾਬਲਾ ਕੀਤਾ ਜਾ ਸਕੇ।

ਸ੍ਰੀ ਸੋਨੀ ਵਲੋਂ ਅੱਜ ਆਪਣੇ ਨਿਵਾਸ ਸਥਾਨ ਤੋਂ ਸ਼ਹਿਰ ਦੇ ਅੰਦਰਲੀਆਂ ਵਾਰਡਾਂ ਲਈ ਸੁੱਕੇ ਰਾਸ਼ਨ ਦੀਆਂ 10 ਗੱਡੀਆਂ ਰਵਾਨਾ ਕੀਤੀਆਂ ਗਈਆਂ। ਸ੍ਰੀ ਸੋਨੀ ਨੇ ਦੱਸਿਆ ਕਿ 7 ਗੱਡੀਆਂ ਪੰਜਾਬ ਸਰਕਾਰ ਵਲੋਂ ਲੋੜਵੰਦਾਂ ਦੀ ਸਹਾਇਤਾ ਲਈ ਰਾਸ਼ਨ ਦੀਆਂ ਭੇਜੀਆਂ ਗਈਆਂ ਹਨ ਜਦਕਿ 3 ਗੱਡੀਆਂ ਸੋਨੀ ਪਰਿਵਾਰ ਵਲੋਂ ਲੋੜਵੰਦਾਂ ਲਈ ਭੇਜੀਆਂ ਗਈਆਂ ਹਨ। ਜਿਨਾਂ ਵਿਚ ਚੌਲ, ਖੰਡ, ਦਾਲ ਅਤੇ ਹੋਰ ਜ਼ਰੂਰੀ ਸਮਾਨ ਹੈ। ਸ੍ਰੀ ਸੋਨੀ ਨੇ ਕਿਹਾ ਕਿ ਇਸ ਮਹਾਂਮਾਰੀ ਦਾ ਮੁਕਾਬਲਾ ਅਸੀਂ ਘਰ ਵਿਚ ਰਹਿ ਕੇ ਹੀ ਕਰ ਸਕਦੇ ਹਾਂ। ਉਨਾਂ ਕਿਹਾ ਕਿ ਲੋਕਾਂ ਨੂੰ ਰਾਸ਼ਨ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀਆਂ ਸਪੱਸ਼ਟ ਹਦਾਇਤਾਂ ਹਨ ਕਿ ਕਿਸੇ ਵੀ ਲੋੜਵੰਦ ਪਰਿਵਾਰ ਜਾਂ ਪਰਵਾਸੀ ਮਜ਼ਦੂਰਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ , ਜਿਨਾਂ ਦੀ ਪਾਲਣਾ ਕਰਦਿਆਂ ਰਾਸ਼ਨ ਵੰਡਿਆ ਜਾ ਰਿਹਾ ਹੈ।

ਮੁਸ਼ਕਲ ਦੀ ਇਸ ਘੜੀ ਦਾ ਰਲ ਮਿਲ ਕੇ ਸਾਹਮਣਾ ਕਰਨ ਦੀ ਅਪੀਲ ਕਰਦਿਆਂ ਸ੍ਰੀ ਸੋਨੀ ਨੇ ਕਿਹਾ ਕਿ ਇਸ ਬਿਮਾਰੀ ਤੋਂ ਡਰਨ ਦੀ ਲੋੜ ਨਹੀਂ, ਸਗੋਂ ਜਾਗਰੂਕਤਾ ਨਾਲ ਇਸ ਦਾ ਡਟ ਕੇ ਸਾਹਮਣਾ ਕਰੋ ਅਤੇ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਘਰਾਂ ਵਿਚ ਹੀ ਰਹੋ। ਇਸ ਮੌਕੇ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ, ਸ੍ਰੀ ਸੋਨੀਲ ਕੌਂਟੀ, ਸ੍ਰੀ ਗੁਰਦੇਵ ਸਿੰਘ ਦਾਰਾ, ਸ੍ਰੀ ਧਰਮਵੀਰ ਸਰੀਨ ਐਕਸ ਚੇਅਰਮੈਨ ਮਾਰਕੀਟ ਕਮੇਟੀ ਅੰਮ੍ਰਿਤਸਰ, ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਦੀਆਂ ਅੰਦਰਲੀਆਂ ਵਾਰਡਾਂ ਲਈ ਰਾਸ਼ਨ ਦੇ 10 ਗੱਡੀਆਂ ਰਵਾਨਾ ਕਰਨ ਮੌਕੇ ਸ੍ਰੀ ਓ ਪੀ

ਸੋਨੀ।

======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਆਜੀਵਿਕਾ ਸਕੀਮ ਅਧੀਨ ਸੈਲਫ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਜਾ ਰਹੇ ਨੇ ਕੱਪੜੇ ਦੇ ਮਾਸਕ - ਪਲਵੀ**

ਅੰਮ੍ਰਿਤਸਰ, 23 ਅਪ੍ਰੈਲ ( )-

ਕੋਰੋਨਾ ਵਾਇਰਸ ਦੇ ਫੈਲਾਅ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਵੱਲੋਂ ਕੋਵਿਡ-19 ਦੀ ਰੋਕਥਾਮ ਲਈ ਕੱਪੜੇ ਦੇ ਮਾਸਕ ਬਣਾਉਣ ਲਈ ਐਨ.ਆਰ.ਐਲ.ਐਮ. ਸਕੀਮ ਅਧੀਨ ਸੈਲਫ ਹੈਲਪ ਗਰੁੱਪਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਜਲਦੀ ਤੋਂ ਜਲਦੀ ਮਾਸਕ ਬਣਾ ਕੇ ਲੋੜਵੰਦਾਂ ਨੂੰ ਦਿੱਤੇ ਜਾ ਸਕਣ। ਉਨਾਂ ਕਿਹਾ ਕਿ ਇਸ ਦਾ ਮਕਸਦ ਨਾਗਰਿਕਾਂ ਨੂੰ ਕੋਰੋਨਾ ਮਹਾਂਮਾਰੀ ਤੋਂ ਬਚਾਉਣਾ ਲਈ ਉਹ ਹਰ ਪ੍ਰਬੰਧ ਕਰਨਾ ਹੈ, ਜੋ ਅਸੀਂ ਕਰ ਸਕਦੇ ਹਾਂ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਸ੍ਰੀਮਤੀ ਪਲਵੀ ਚੌਧਰੀ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਦੱਸਿਆ ਕਿ ਸੈਲਫ ਹੈਲਪ ਗਰੁੱਪਾਂ ਵੱਲੋਂ ਬਣਾਏ ਗਏ ਕੱਪੜੇ ਦੇ ਮਾਸਕ ਜ਼ਿਲਾ ਪ੍ਰਸ਼ਾਸਨ ਵੱਲੋਂ ਵਾਢੀ ਦੇ ਸੀਜਨ ਵਿੱਚ ਮੰਡੀਆਂ ਵਿੱਚ ਕਿਸਾਨਾਂ ਅਤੇ ਆੜਤੀਆਂ ਨੂੰ ਕੋਰੋਨਾ ਵਾਇਰਸ ਤੋਂ ਬਚਣ ਲਈ ਮੁਹੱਈਆ ਕਰਵਾਏ ਜਾ ਰਹੇ ਹਨ। ਉਨਾਂ ਦੱਸਿਆ ਕਿ ਕੱਪੜੇ ਦੇ ਬਣੇ ਇਹ ਮਾਸਕ ਧੋਣ ਉਪਰੰਤ ਦੁਬਾਰਾ ਮੁੜ ਵਰਤੋਂ ਵਿੱਚ ਲਿਆਦੇ ਜਾ ਸਕਦੇ ਹਨ। ਇਸ ਦੇ ਨਾਲ ਇਨਾਂ ਸੈਲਫ ਹੈਲਪ ਗਰੁੱਪਾਂ ਨੂੰ ਉਤਸਾਹਿਤ ਕਰਨ ਲਈ ਲੋਕ ਹਿੱਤ ਵਿੱਚ ਇਹ ਇੱਕ ਮੀਲ ਪੱਥਰ ਸਾਬਤ ਹੋ ਰਿਹਾ ਹੈ। ਸ੍ਰੀਮਤੀ ਪਲਵੀ ਚੌਧਰੀ ਨੇ ਕਿਹਾ ਕਿ ਅਸੀਂ ਆਪਣੇ ਇੰਨਾਂ ਗਰੁੱਪਾਂ ਰਾਹੀਂ ਇਹ ਕੰਮ ਲਗਾਤਾਰ ਜਾਰੀ ਰੱਖਾਂਗੇ ਤਾਂ ਜੋ ਜ਼ਿਲੇ ਦਾ ਕੋਈ ਵੀ ਲੋੜਵੰਦ ਮਾਸਕ ਤੋਂ ਬਿਨਾਂ ਨਾ ਰਹੇ। ਉਨਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੂੰਹ ਉਤੇ ਮਾਸਕ ਲਗਾਉਣ ਤੋਂ ਬਿਨਾਂ ਘਰ ਤੋਂ ਬਾਹਰ ਨਾ ਨਿਕਲਣ, ਕਿਉਂਕਿ ਸਰਕਾਰ ਵੱਲੋਂ ਮਾਸਕ ਜ਼ਰੂਰੀ ਕਰਾਰ ਦਿੱਤਾ ਜਾ ਚੁੱਕਾ ਹੈ ਅਤੇ ਇਸਦੀ ਵਰਤੋਂ ਨਾ ਕਰਨ ਉਤੇ ਚਲਾਨ ਵੀ ਕੱਟਿਆ ਜਾ ਸਕਦਾ ਹੈ।

ਕੈਪਸ਼ਨ : ਸੈਲਫ ਹੈਲਪ ਗਰੁੱਪ ਦੀਆਂ ਮੈਂਬਰਾਂ ਮਾਸਕ ਤਿਆਰ ਕਰਦੀਆਂ ਹੋਈਆਂ

======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਜਿਲੇ ਵਿਚ ਹੁਣ ਤੱਕ 1 ਲੱਖ ਤੋਂ ਵੱਧ ਪਰਿਵਾਰਾਂ ਨੂੰ ਵੰਡਿਆ ਜਾ ਚੁੱਕਾ ਰਾਸ਼ਨ-ਡਿਪਟੀ ਕਮਿਸ਼ਨਰ**

**18 ਲੱਖ ਦੇ ਕਰੀਬ ਲੋਕਾਂ ਨੂੰ ਦਿੱਤੀ ਲੰਗਰ ਦੀ ਸਹੂਲਤ**

ਅੰਮ੍ਰਿਤਸਰ, 23 ਅਪ੍ਰੈਲ ( )-

ਪੰਜਾਬ ਸਰਕਾਰ ਵੱਲੋਂ ਕੋਵਿਡ 19 ਤੋਂ ਆਪਣੇ ਨਾਗਰਿਕਾਂ ਨੂੰ ਬਚਾਉਣ ਲਈ ਲਗਾਏ ਗਏ ਕਰਫਿਊ ਦੌਰਾਨ ਲੋਕਾਂ ਦੀਆਂ ਜ਼ਰੂਰੀ ਲੋੜਾਂ, ਜਿਸ ਵਿਚ ਰੋਟੀ ਸਭ ਤੋਂ ਮੁੱਖ ਦੀ ਪੂਰਤੀ ਲਈ ਜਿਲੇ ਭਰ ਵਿਚ ਲੋੜਵੰਦ ਪਰਿਵਾਰਾਂ ਤੱਕ ਸੁੱਕਾ ਰਾਸ਼ਨ ਅਤੇ ਲੰਗਰ ਪਹੁੰਚਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ, ਜੋ ਰਾਹਤ ਦੇ ਕੰਮਾਂ ਦੀ ਨਿਗਰਾਨੀ ਕਰ ਰਹੇ ਹਨ, ਨੇ ਦੱਸਿਆ ਕਿ ਰਾਹਤ ਦੇ ਨੋਡਲ ਅਧਿਕਾਰੀ ਸ੍ਰੀ ਸੰਦੀਪ ਰਿਸ਼ੀ ਸਾਰੀਆਂ ਧਿਰਾਂ ਨਾਲ ਮਿਲ ਕੇ ਕੰਮ ਕਰ ਰਹੇ ਹਨ ਅਤੇ ਉਨਾਂ ਦੀ ਨਿਗਰਾਨੀ ਹੇਠ ਟੀਮਾਂ ਸਾਰੇ ਜਿਲੇ ਵਿਚ ਰਾਹਤ ਦੇ ਕੰਮ ਵੇਖ ਰਹੀਆਂ ਹਨ। ਸ. ਢਿੱਲੋਂ ਨੇ ਦੱਸਿਆ ਕਿ ਹੁਣ ਤੱਕ ਅਸੀਂ ਇਕ ਲੱਖ 7 ਹਜ਼ਾਰ 200 ਪਰਿਵਾਰਾਂ ਨੂੰ ਸੁੱਕਾ ਰਾਸ਼ਨ ਮੁਹੱਇਆ ਕਰਵਾ ਚੁੱਕੇ ਹਾਂ, ਜਿਸ ਵਿਚ ਪੰਜਾਬ ਸਰਕਾਰ, ਰੈਡ ਕਰਾਸ, ਗੈਰ ਸਰਕਾਰੀ ਸੰਸਥਾਵਾਂ ਤੋਂ ਆਈ ਮਦਦ ਤੋਂ ਇਲਾਵਾ ਹੋਰ ਸੰਸਥਾਵਾਂ ਤੋਂ ਆਈ ਰਸਦ ਸਦਕਾ ਸੰਭਵ ਹੋਇਆ ਹੈ।

ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਤਿਆਰ ਲੰਗਰ, ਜੋ ਕਿ ਕਰਫਿਊ ਵਾਲੇ ਦਿਨ ਤੋਂ ਚੱਲ ਰਿਹਾ ਹੈ, 17 ਲੱਖ 74 ਹਜ਼ਾਰ 500 ਬੰਦਿਆਂ ਨੂੰ ਵਰਤਾਇਆ ਜਾ ਚੁੱਕਾ ਹੈ। ਉਨਾਂ ਦੱਸਿਆ ਕਿ ਲੰਗਰ ਦੇ ਇਸ ਕੰਮ ਵਿਚ ਵੀ ਪੰਜਾਬ ਸਰਕਾਰ ਦੇ ਨਾਲ-ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਰਾਧਾ ਸੁਆਮੀ ਬਿਆਸ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨੇ ਵੱਡਾ ਯੋਗਦਾਨ ਪਾਇਆ। ਉਨਾਂ ਨੇ ਸਿਵਲ ਅਧਿਕਾਰੀਆਂ ਦੇ ਨਾਲ-ਨਾਲ ਪੁਲਿਸ ਵੱਲੋਂ ਇਸ ਮੌਕੇ ਨਿਭਾਈ ਗਈ ਸੇਵਾ ਦੀ ਸਰਾਹਨਾ ਕਰਦੇ ਕਿਹਾ ਕਿ ਪੁਲਿਸ ਨੇ ਵੀ ਇਸ ਲੋੜ ਮੌਕੇ ਵੱਧ-ਚੜ ਕੇ ਯੋਗਦਾਨ ਪਾਇਆ ਹੈ। ਸ. ਢਿੱਲੋਂ ਨੇ ਕਿਹਾ ਕਿ ਅਜੇ ਵੀ ਲੰਗਰ ਤੇ ਰਾਸ਼ਨ ਦਾ ਇਹ ਕੰਮ ਜਾਰੀ ਹੈ ਅਤੇ ਜੇਕਰ ਕਿਸੇ ਸੰਸਥਾ ਨੇ ਯੋਗਦਾਨ ਪਾਉਣਾ ਹੋਵੇ ਜਾਂ ਕਿਸੇ ਲੋੜਵੰਦ ਨੂੰ ਮਦਦ ਚਾਹੀਦੀ ਹੋਵੇ ਤਾਂ ਉਹ ਸਾਡੇ ਕੰਟਰੋਲ ਰੂਮ 0183-2500398, 2500498, 2500598 ਉਤੇ ਫੋਨ ਕਰ ਸਕਦਾ ਹੈ।

========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਸੰਤ ਸਿੰਘ ਸੁੱਖਾ ਸਿੰਘ ਸੰਸਥਾ ਵੱਲੋਂ ਰੈਡ ਕਰਾਸ ਫੰਡ ਲਈ ਇਕ ਲੱਖ ਰੁਪਏ ਦਾ ਯੋਗਦਾਨ**

**ਡਾਇਰੈਕਟਰ ਜਗਦੀਸ਼ ਸਿੰਘ ਨੇ ਸੌਂਪਿਆ ਵਧੀਕ ਡਿਪਟੀ ਕਮਿਸ਼ਨਰ ਨੂੰ ਚੈਕ**

ਅੰਮ੍ਰਿਤਸਰ, 23 ਅਪ੍ਰੈਲ ( )-

ਕੋਵਿਡ 19 ਦੌਰਾਨ ਪੈਦਾ ਹੋਈ ਸਥਿਤੀ ਵਿਚ ਜਿਲਾ ਪ੍ਰਸ਼ਾਸ਼ਨ ਵੱਲੋਂ ਲੋੜਵੰਦ ਲੋਕਾਂ ਦੀ ਕੀਤੀ ਜਾ ਰਹੀ ਨਿਰੰਤਰ ਮਦਦ ਤੋਂ ਪ੍ਰਭਾਵਿਤ ਹੋ ਕੇ ਸ਼ਹਿਰ ਦੀ ਨਾਮਵਾਰ ਸੰਸਥਾ ਸੰਤ ਸਿੰਘ ਸੁੱਖਾ ਸਿੰਘ ਸਿੱਖਿਆ ਸੰਸਥਾਵਾਂ ਨੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਵੱਲੋਂ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਅਧੀਨ ਕਾਇਮ ਕੀਤੇ 'ਕੋਵਿਡ 19 ਰਿਲੀਫ ਫੰਡ' ਲਈ ਇਕ ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਸੰਸਥਾ ਦੇ ਡਾਇਰੈਕਟਰ ਸ. ਜਗਦੀਸ਼ ਸਿੰਘ ਨੇ ਰੈਡ ਕਰਾਸ ਭਵਨ ਵਿਚ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੂੰ ਇਹ ਚੈਕ ਸੌਂਪਦੇ ਹੋਏ ਕਿਹਾ ਕਿ ਕਰਫਿਊ ਦੌਰਾਨ ਕਿਰਤ ਕਰਨ ਵਾਲੇ ਲੋਕਾਂ ਨੂੰ ਘਰਾਂ ਵਿਚ ਬੈਠਣ ਲਈ ਮਜ਼ਬੂਰ ਹੋਣਾ ਪਿਆ ਹੈ ਅਤੇ ਜਿਲਾ ਪ੍ਰਸ਼ਾਸ਼ਨ ਵੱਲੋਂ ਉਨਾਂ ਦੀ ਕੀਤੀ ਜਾ ਰਹੀ ਮਦਦ ਇਕ ਸਾਲ੍ਹਹਣਯੋਗ ਕਾਰਜ ਹੈ।

ਉਨਾਂ ਕਿਹਾ ਕਿ ਗੁਰੂ ਨਗਰੀ ਅੰਮ੍ਰਿਤਸਰ, ਜਿੱਥੇ ਗੁਰੂ ਰਾਮਦਾਸ ਜੀ ਦੀ ਕ੍ਰਿਪਾ ਸਦਕਾ ਕੋਈ ਵਿਅਕਤੀ ਭੁੱਖਾ ਨਹੀਂ ਰਹਿ ਸਕਦਾ, ਦੀ ਕੀਤੀ ਜਾ ਰਹੀ ਸੇਵਾ ਵਿਚ ਅਸੀਂ ਵੀ ਆਪਣੀ ਸੰਸਥਾ ਵੱਲੋਂ ਯੋਗਦਾਨ ਪਾ ਰਹੇ ਹਾਂ। ਡਾ. ਹਿਮਾਂਸ਼ੂ ਨੇ ਇਸ ਸਹਾਇਤਾ ਲਈ ਧੰਨਵਾਦ ਕਰਦੇ ਸ਼ਹਿਰ ਦੇ ਕਾਰੋਬਾਰੀਆਂ, ਰਾਜਸੀ ਵਿਅਕਤੀਆਂ, ਸਨਅਤਕਾਰਾਂ ਅਤੇ ਆਰਥਿਕ ਤੌਰ ਉਤੇ ਸਮਰੱਥ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋੜਵੰਦਾਂ ਲੋਕਾਂ ਤੱਕ ਨਿਤ ਵਰਤੋਂ ਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਵਿਚ ਆਪਣਾ ਯੋਗਦਾਨ ਪਾਉਣ। ਉਨਾਂ ਦੱਸਿਆ ਕਿ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ – ਕੋਵਿਡ 19 ਰਿਲੀਫ ਫੰਡ ਦੇ ਨਾਮ ਦਾ ਇਹ ਖਾਤਾ ਐਚ.ਡੀ.ਐਫ. ਸੀ ਬੈਂਕ ਵਿਚ ਖੋਲਿਆ ਗਿਆ ਹੈ। ਜਿਸ ਦਾ ਖਾਤਾ ਨੰਬਰ 50100348358119 ਅਤੇ ਆਈ. ਐਫ. ਸੀ. ਕੋਡ ਐਚ ਡੀ ਐਫ ਸੀ 0001359, ਸਵਿਫਟ ਕੋਡ ਐਚ ਡੀ ਐਫ ਸੀ ਸੀ ਆਈ ਐਨ ਬੀ ਬੀ ਹੈ।

ਕੈਪਸ਼ਨ

ਸੰਤ ਸਿੰਘ ਸੁੱਖਾ ਸਿੰਘ ਸਿੱਖਿਆ ਸੰਸਥਾਵਾਂ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੂੰ ਇਕ ਲੱਖ ਰੁਪਏ ਦਾ ਚੈਕ ਸੌਂਪਦੇ ਡਾਇਰੈਕਟਰ ਜਗਦੀਸ਼ ਸਿੰਘ।

=========